# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :19-07-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਸੰਸਦ ਦਾ ਮਾਨਸੂਨ ਇਜਲਾਸ ਕੱਲ੍ਹ ਤੋਂ ਸ਼ੁਰੂ -ਅਗਲੇ ਮਹੀਨੇ ਦੀ 13 ਤਰੀਕ ਤੱਕ ਜਾਰੀ ਰਹੇਗਾ।
- ਪੰਜਾਬ ਭਰ ਵਿੱਚ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਲਈ, ਅੱਜ ਸਾਰੇ ਵੋਟ ਕੇਂਦਰਾਂ 'ਤੇ ਇੱਕ ਰੋਜ਼ਾ SIR ਵਿਸ਼ੇਸ਼ ਕੈਂਪ ਲਾਏ ਗਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਵਿੱਚ ਹੋਣ ਵਾਲੀ ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ- ਰਾਏਜ਼ਾਦਾ ਹੰਸਰਾਜ ਸਟੇਡੀਅਮ ਵਿਖੇ ਅਤਿ-ਆਧੁਨਿਕ ਇਨਡੋਰ ਬੈਡਮਿੰਟਨ ਹਾਲ ਲਈ 2 ਕਰੋੜ 14 ਲੱਖ ਰੁਪਏ ਦਾ ਐਲਾਨ ਕੀਤਾ ।

- ਪੰਜਾਬ ਵਿੱਚ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬਾ 36 ਫੀਸਦੀ ਵਾਧੇ ਨਾਲ 4 ਲੱਖ ਏਕੜ ਤੋਂ ਪਾਰ-ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਸੂਬੇ ਭਰ ਵਿੱਚੋਂ ਮੋਹਰੀ।
- ਮੌਸਮ ਵਿਭਾਗ ਵਲੋਂ ਕੱਲ 20 ਤੋਂ 22 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿਸਿਆਂ ਵਿੱਚ ਭਾਰੀ ਤੋਂ ਬੇਹਦ ਭਾਰੀ ਮੀਂਹ ਪੈਣ ਸੰਬੰਧੀ 'ਔਰੇਂਜ ਅਲਰਟ' ਜਾਰੀ।
- -ਦੋ ਵਾਰ ਓਲੰਪਿਕ ਤਗਮਾ ਜੇਤੂ ਪੀ.ਵੀ. ਸਿੰਧੂ ਨੇ ਪਹਿਲੀ ਵਾਰ, ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਜਿਤਿਆ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਨ੍ਹਾਂ ਨੂੰ ਖਿਤਾਬ ਜਿੱਤਣ 'ਤੇ ਵਧਾਈ ਦਿੱਤੀ।

---------------------------------------------------------

ਸੰਸਦ ਦਾ ਮਾਨਸੂਨ ਇਜਲਾਸ ਕੱਲ੍ਹ ਤੋਂ ਸ਼ੁਰੂ ਹੋ ਰਿਹਾ ਏ। ਇਜਲਾਸ ਤੋਂ ਪਹਿਲਾਂ, ਸਰਕਾਰ ਨੇ ਅੱਜ ਸੰਸਦ ਭਵਨ ਅਨੈਕਸੀ ਵਿੱਚ ਇੱਕ ਸਰਬ-ਪਾਰਟੀ ਮੀਟਿੰਗ ਬੁਲਾਈ। ਇਸ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕੀਤੀ। ਰਾਜ ਸਭਾ ਦੇ ਨੇਤਾ ਜਗਤ ਪ੍ਰਕਾਸ਼ ਨੱਡਾ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ, ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਅਰਜੁਨ ਸਿੰਘ ਮੇਘਵਾਲ ਅਤੇ ਡਾ. ਐਲ. ਮੁਰੂਗਨ ਵੀ ਮੌਜੂਦ ਰਹੇ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਸ਼੍ਰੀ ਰਿਜਿਜੂ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਸੰਸਦ ਦੇ ਸੁਚਾਰੂ ਕੰਮਕਾਜ ਅਤੇ

ਮਹੱਤਵਪੂਰਨ ਮੁੱਦਿਆਂ 'ਤੇ ਸਕਾਰਾਤਮਕ ਚਰਚਾ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਤੰਤਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਵਿਘਨਾਂ ਦੀ ਬਜਾਏ ਰਚਨਾਤਮਕ ਚਰਚਾਵਾਂ ਬਹੁਤ ਜ਼ਰੂਰੀ ਨੇ। BYTE:RNU190726

ਸੰਸਦ ਦੇ ਮਾਨਸੂਨ ਇਜਲਾਸ ਵਿੱਚ ਕਈ ਮਹੱਤਵਪੂਰਨ ਵਿਧਾਨਕ ਮਾਮਲਿਆਂ 'ਤੇ ਚਰਚਾ ਅਤੇ ਪਾਸ ਹੋਣ ਦੀ ਉਮੀਦ ਏ। ਅੱਜ ਦੀ ਸਰਬ-ਪਾਰਟੀ ਮੀਟਿੰਗ ਰਾਹੀਂ, ਸਰਕਾਰ ਨੂੰ ਉਮੀਦ ਏ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ ਸੰਸਦ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਸਹਿਯੋਗ ਕਰਨਗੀਆਂ। ਮਾਨਸੂਨ ਇਜਲਾਸ ਕੱਲ੍ਹ ਸ਼ੁਰੂ ਹੋ ਰਿਹਾ ਏ ਅਤੇ ਅਗਲੇ ਮਹੀਨੇ ਦੀ 13 ਤਰੀਕ ਤੱਕ ਜਾਰੀ ਰਹੇਗਾ।

----------------------------------------------------

ਕੇਂਦਰੀ ਖੁਰਾਕ ਪ੍ਰੋਸੈਸਿੰਗ ਉਦਯੋਗ ਮੰਤਰੀ ਅਤੇ ਲੋਕ ਜਨਸ਼ਕਤੀ ਪਾਰਟੀ (ਰਾਮਵਿਲਾਸ) ਦੇ ਰਾਸ਼ਟਰੀ ਪ੍ਰਧਾਨ ਚਿਰਾਗ ਪਾਸਵਾਨ ਅੱਜ ਗੁਰੂ ਨਗਰੀ ਅੰਮ੍ਰਿਤਸਰ ਪਹੁੰਚੇ। ਉਨ੍ਹਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ, ਦੇਸ਼ ਦੀ ਖੁਸ਼ਹਾਲੀ ਅਤੇ ਪੰਜਾਬ ਦੀ ਤਰੱਕੀ ਲਈ ਅਰਦਾਸ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚਿਰਾਗ ਪਾਸਵਾਨ ਨੇ ਕਿਹਾ ਕਿ ਜਦੋਂ ਵੀ ਉਹ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਆਉਂਦੇ ਹਨ ਤਾਂ ਉਨ੍ਹਾਂ ਨੂੰ ਇੱਕ ਵਿਲੱਖਣ

ਆਤਮਿਕ ਸ਼ਕਤੀ ਅਤੇ ਸਕਾਰਾਤਮਕ ਊਰਜਾ ਦੀ ਪ੍ਰਾਪਤੀ ਹੁੰਦੀ ਏ । ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਉਹ ਅਧਿਕਾਰ ਅਤੇ ਵਿਕਾਸ ਨਹੀਂ ਮਿਲਿਆ ਜਿਸ ਦੇ ਉਹ ਹੱਕਦਾਰ ਸਨ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਉਮੀਦਾਂ ਅਨੁਸਾਰ ਕੰਮ ਨਹੀਂ ਹੋਇਆ, ਜਦਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਗੰਭੀਰ ਸਮੱਸਿਆ ਵਿੱਚ ਉਲਝਾ ਕੇ ਰੱਖਿਆ ਗਿਆ ਏ ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਸਾਲ ਦਸੰਬਰ ਵਿੱਚ ਜਲੰਧਰ ਦੇ ਇਤਿਹਾਸਕ ਰਾਇਜ਼ਾਦਾ ਹੰਸਰਾਜ ਸਟੇਡੀਅਮ ਵਿਖੇ ਹੋਣ ਵਾਲੀ ਸਬ-ਜੂਨੀਅਰ ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਦਾ ਅੱਜ ਜਾਇਜ਼ਾ ਲਿਆ। ਇਸ ਮੌਕੇ ਮੁੱਖ ਮੰਤਰੀ ਨੇ ਇੱਕ ਅਤਿ-ਆਧੁਨਿਕ ਇਨਡੋਰ ਬੈਡਮਿੰਟਨ ਹਾਲ ਦੇ ਨਿਰਮਾਣ ਲਈ 2 ਕਰੋੜ 14 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦਾ ਐਲਾਨ ਕੀਤਾ । ਮੁੱਖ ਮੰਤਰੀ ਨੇ ਕਿਹਾ ਕਿ ਲਗਭਗ 44 ਸਾਲਾਂ ਬਾਅਦ, ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਇਤਿਹਾਸਕ ਰਾਇਜ਼ਾਦਾ ਹੰਸਰਾਜ ਸਟੇਡੀਅਮ ਵਿੱਚ ਵਾਪਸ ਆ ਰਹੀ ਏ । ਇਹ ਚੈਂਪੀਅਨਸ਼ਿਪ ਪੰਜਾਬ ਵਿੱਚ ਬੈਡਮਿੰਟਨ ਨੂੰ ਉਤਸ਼ਾਹਿਤ ਕਰੇਗੀ ਦੇਵੇਗੀ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰੇਗੀ। ਮੁੱਖ ਮੰਤਰੀ ਨੇ ਨਵੇਂ ਇਨਡੋਰ

ਬੈਡਮਿੰਟਨ ਹਾਲ ਦੀ ਉਸਾਰੀ ਲਈ ਡਿਪਟੀ ਕਮਿਸ਼ਨਰ ਵਰਜੀਤ ਸਿੰਘ ਵਾਲੀਆ ਅਤੇ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਰਿਤਿਨ ਖੰਨਾ ਨੂੰ 2 ਕਰੋੜ 14 ਲਖ ਰੁਪਏ ਦੀ ਪ੍ਰਵਾਨਗੀ ਦਾ ਚੈੱਕ ਸੌਂਪਿਆ। ਮੁੱਖ ਮੰਤਰੀ ਨੇ ਕਿਹਾ ਕਿ ਲੋਕ ਨਿਰਮਾਣ ਵਿਭਾਗ ਇਸ ਪ੍ਰੋਜੈਕਟ ਨੂੰ ਲਾਗੂ ਕਰੇਗਾ, ਅਤੇ ਟੈਂਡਰ ਪ੍ਰਕਿਰਿਆ ਜਲਦੀ ਹੀ ਸ਼ੁਰੂ ਹੋ ਜਾਵੇਗੀ। ਨਿਰਮਾਣ ਅਗਸਤ ਵਿੱਚ ਸ਼ੁਰੂ ਹੋਣ ਦੀ ਉਮੀਦ ਏ । ਮੌਜੂਦਾ ਚਾਰ ਆਊਟਡੋਰ ਮਲਟੀਪਰਪਜ਼ ਕੋਰਟਾਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਬੁਨਿਆਦੀ ਢਾਂਚੇ ਨਾਲ ਲੈਸ ਇੱਕ ਵਿਸ਼ਵ ਪੱਧਰੀ ਇਨਡੋਰ ਬੈਡਮਿੰਟਨ ਸਹੂਲਤ ਵਿੱਚ ਬਦਲ ਦਿੱਤਾ ਜਾਵੇਗਾ । ਸਟੇਡੀਅਮ ਵਿੱਚ ਕੁੱਲ 10 ਇਨਡੋਰ ਬੈਡਮਿੰਟਨ ਕੋਰਟ ਹੋਣਗੇ, ਜਿਸ ਨਾਲ ਇਹ ਵਡੇ ਇਨਡੋਰ ਬੈਡਮਿੰਟਨ ਕੰਪਲੈਕਸ ਵਾਲਾ ਪੰਜਾਬ ਦਾ ਇੱਕੋ ਇੱਕ ਸਥਾਨ ਅਤੇ ਉੱਤਰੀ ਭਾਰਤ ਵਿੱਚ ਪ੍ਰਮੁੱਖ ਬੈਡਮਿੰਟਨ ਕੇਂਦਰਾਂ ਵਿੱਚੋਂ ਇੱਕ ਹੋਵੇਗਾ। ਮੁੱਖ ਮੰਤਰੀ ਨੇ ਖਿਡਾਰੀਆਂ, ਕੋਚਾਂ ਅਤੇ ਖੇਡ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਸਟੇਡੀਅਮ ਵਿੱਚ ਮੌਜੂਦਾ ਖੇਡ ਬੁਨਿਆਦੀ ਢਾਂਚੇ ਦਾ ਜਾਇਜ਼ਾ ਲਿਆ।

---------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਬੀਤੇ ਕੱਲ ਸ਼ੁਰੂ ਹੋਈ ਦੋ-ਰੋਜ਼ਾ 6ਵੀਂ ਵ੍ਹੀਲਚੇਅਰ ਕ੍ਰਿਕਟ ਚੈਂਪੀਅਨਸ਼ਿਪ-2026 ਅੱਜ ਸਮਾਪਤ ਹੋ

ਗਈ। ਪੰਜਾਬ ਦੇ ਰਾਜਪਾਲ ਅਤੇ ਕੇਂਦਰ  ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਬੀਤੇ ਦਿਨੀਂ ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਕ੍ਰਿਕਟ ਗਰਾਊਂਡ ਵਿਖੇ ਵ੍ਹੀਲਚੇਅਰ ਕ੍ਰਿਕਟ ਚੈਂਪੀਅਨਸ਼ਿਪ-2026 ਦੀ ਸ਼ੁਰੂਆਤ ਮੌਕੇ ਮੁੱਖ ਮਹਿਮਾਨ ਵਜੋਂਸਹਿਰਕ ਕੀਤੀ । ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਚੈਂਪੀਅਨਸ਼ਿਪ- ਸਿਰਫ਼ ਇੱਕ ਖੇਡ ਮੁਕਾਬਲਾ ਨਹੀਂ ਏ ਸਗੋਂ ਹਿੰਮਤ, ਸਮਾਨਤਾ ਅਤੇ ਸ਼ਮੂਲੀਅਤ ਦਾ ਜਸ਼ਨ ਵੀ ਏ । ਇਕੱਠ ਨੂੰ ਸੰਬੋਧਨ ਕਰਦਿਆਂ, ਪ੍ਰਸ਼ਾਸਕ ਨੇ ਕਿਹਾ ਕਿ "ਖੇਡਾਂ ਰਾਹੀਂ ਸਮਾਵੇਸ਼ੀ ਭਾਰਤ: ਪਾਏਦਾਰ ਭਵਿੱਖ ਲਈ ਦਿਵੀਆਂਗ  ਵਿਅਕਤੀਆਂ ਦੀ ਸਮਰੱਥਾ ਨਿਰਮਾਣ ਅਤੇ ਲੀਡਰਸ਼ਿਪ ਵਿਕਾਸ" ਵਿਸ਼ੇ 'ਤੇ ਦੋ-ਰੋਜ਼ਾ ਚੈਂਪੀਅਨਸ਼ਿਪ ਨੇ ਦੇਸ਼ ਭਰ ਦੇ 45 ਦਿਵਯਾਂਗ ਐਥਲੀਟਾਂ ਅਤੇ ਨੌਜਵਾਨ ਆਗੂਆਂ ਨੂੰ ਇਕੱਠਾ ਕੀਤਾ ਏ  ਅਤੇ  ਵਿਕਸਤ ਭਾਰਤ 2047 ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਏ । ਉਨ੍ਹਾਂ ਸਮਾਜ ਨੂੰ ਦਿਵੀਆਂਗ ਵਿਅਕਤੀਆਂ ਲਈ ਸਮਾਵੇਸ਼ੀ ਬੁਨਿਆਦੀ ਢਾਂਚਾ, ਸਿੱਖਿਆ, ਖੇਡਾਂ ਅਤੇ ਰੁਜ਼ਗਾਰ ਯਕੀਨੀ ਬਣਾਉਣ ਲਈ ਸਦਾ ਦਿੱਤਾ । ਪ੍ਰਸ਼ਾਸਕ ਨੇ ਭਾਗੀਦਾਰਾਂ ਨੂੰ ਆਪਣੀ ਦ੍ਰਿੜਤਾ ਅਤੇ ਖੇਡ ਭਾਵਨਾ ਰਾਹੀਂ ਦੂਜਿਆਂ ਨੂੰ ਪ੍ਰੇਰਿਤ ਕਰਨ ਲਈ ਕਿਹਾ । ਇਸ ਤੋਂ ਪਹਿਲਾਂ, ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਰਾਜਪਾਲ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ।

ਚੈਂਪੀਅਨਸ਼ਿਪ ਦਾ ਉਦੇਸ਼ ਸਮਾਵੇਸ਼ੀ ਖੇਡਾਂ ਨੂੰ ਉਤਸ਼ਾਹਿਤ ਕਰਨਾ ਅਤੇ ਰੁਕਾਵਟਾਂ ਨੂੰ ਤੋੜਨਾ, ਸਮਾਵੇਸ਼ੀ ਕ੍ਰਿਕਟ ਰਾਹੀਂ ਚੈਂਪੀਅਨ ਬਣਾਉਣਾ' ਥੀਮ ਦੇ ਤਹਿਤ ਪੈਰਾ ਐਥਲੀਟਾਂ ਦੀਆਂ ਯੋਗਤਾਵਾਂ ਅਤੇ ਪ੍ਰਾਪਤੀਆਂ ਬਾਰੇ ਵਧੇਰੇ ਜਾਗਰੂਕਤਾ ਪੈਦਾ ਕਰਨਾ ਏ । ਇਸ ਦੋ-ਰੋਜ਼ਾ ਚੈਂਪੀਅਨਸ਼ਿਪ ਵਿੱਚ ਪੰਜਾਬ, ਉੱਤਰ ਪ੍ਰਦੇਸ਼ ਅਤੇ ਛੱਤੀਸਗੜ੍ਹ ਦੀਆਂ ਟੀਮਾਂ ਨੇ ਹਿੱਸਾ ਲਿਆ ।

---------------------------------------------------

ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਕੀਤੇ ਉਪਰਾਲਿਆਂ ਸਦਕਾ ਪੰਜਾਬ ਨੇ ਇਸ ਸਾਲ ਦੇ ਸਾਉਣੀ ਸੀਜ਼ਨ ਦੌਰਾਨ 4 ਲੱਖ ਏਕੜ ਤੋਂ ਵੱਧ ਰਕਬਾ ਝੋਨੇ ਦੀ ਸਿੱਧੀ ਬਿਜਾਈ ਤਹਿਤ ਲਿਆ ਕੇ ਮਿਸਾਲੀ ਵਾਧੇ ਦਾ ਰਿਕਾਰਡ ਬਣਾਇਆ ਏ । ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਚੰਡੀਗੜ੍ਹ ਵਿਚ ਦੱਸਿਆ ਕਿ ਇਹ ਰਕਬਾ ਪਿਛਲੇ ਸਾਲ ਨਾਲੋਂ 36 ਫੀਸਦੀ ਵੱਧ ਬਣਦਾ ਏ । ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਸ ਸਾਉਣੀ ਸੀਜ਼ਨ ਵਿੱਚ 31 ਹਜ਼ਾਰ 478 ਰਜਿਸਟਰਡ ਕਿਸਾਨਾਂ ਨੇ 4 ਲੱਖ ਏਕੜ ਤੋਂ ਵੱਧ ਰਕਬੇ 'ਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਏ ਜਦੋਂਕਿ ਸਾਲ 2025 ਵਿੱਚ ਇਹ ਰਕਬਾ 2.ਲੱਖ 94 ਹਜ਼ਾਰ ਏਕੜ ਸੀ। ਸੂਬਾ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਪ੍ਰਤੀ ਏਕੜ 1500 ਰੁਪਏ ਦੀ

ਪ੍ਰੋਤਸਾਹਨ ਰਾਸ਼ੀ ਵੀ ਦਿੱਤੀ ਜਾਂਦੀ ਏ  ਅਤੇ ਕਿਸਾਨਾਂ ਨੂੰ ਲਗਭਗ 61 ਕਰੋੜ ਰੁਪਏ ਦਿੱਤੇ ਜਾਣ ਦਾ ਅਨੁਮਾਨ ਏ । ਖੇਤੀਬਾੜੀ ਮੰਤਰੀ ਨੇ ਕਿਹਾ ਕਿ ਡੀ.ਐਸ.ਆਰ ਅਧੀਨ ਪ੍ਰਤੀ ਏਕੜ 15 ਤੋਂ 20 ਫੀਸਦੀ ਪਾਣੀ ਦੀ ਬਚਤ ਹੁੰਦੀ ਏ ।  ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਫਾਜ਼ਿਲਕਾ ਜ਼ਿਲ੍ਹਾ 12 ਹਜ਼ਾਰ 63 ਕਿਸਾਨਾਂ ਵਲੋਂ  1 ਲਖ 55 ਹਜ਼ਾਰ 422 ਏਕੜ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਨਾਲ ਪੰਜਾਬ ਭਰ ਵਿੱਚੋਂ ਮੋਹਰੀ ਰਿਹਾ ਏ । ਇਸ ਤੋਂ ਬਾਅਦ ਸ੍ਰੀ ਮੁਕਤਸਰ ਸਾਹਿਬ  ਦੂਜੇ ਅਤੇ ਫਿਰੋਜ਼ਪੁਰ ਤੀਜੇ ਸਥਾਨ 'ਤੇ ਰਿਹਾ ਏ । ਬਠਿੰਡਾ ਅਤੇ ਸੰਗਰੂਰ ਵੀ ਸਿਖਰਲੇ ਪੰਜ ਜ਼ਿਲ੍ਹਿਆਂ ਵਿੱਚ ਸ਼ੁਮਾਰ ਨੇ ।ਮੰਤਰੀ ਨੇ ਜ਼ਿਲ੍ਹਾ ਅਧਿਕਾਰੀਆਂ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਦੀ ਫੌਰੀ ਤਸਦੀਕ ਕਰਨ ਦੇ ਹੁਕਮ ਦਿੱਤੇ ਹਨ ਤਾਂ ਜੋ ਕਿਸਾਨਾਂ ਨੂੰ ਪ੍ਰੋਤਸਾਹਨ ਰਾਸ਼ੀ ਦੀ ਵੰਡ ਕੀਤੀ ਜਾ ਸਕੇ।

---------------------------------------------------------

ਪੰਜਾਬ ਸਰਕਾਰ ਨੇ ਆਮ ਲੋਕਾਂ ਦੀ ਸਹੂਲਤ ਲਈ ਜ਼ਮੀਨ ਅਤੇ ਜਾਇਦਾਦ ਦੀ ਖ਼ਰੀਦ-ਵੇਚ ਸਮੇਂ ਰਜਿਸਟ੍ਰੇਸ਼ਨ ਦੀ ਭਾਸ਼ਾ ਨੂੰ ਹੋਰ ਸੌਖਾ ਬਣਾਉਣ ਵੱਲ ਇੱਕ ਅਹਿਮ ਕਦਮ ਚੁੱਕਿਆ ਏ ।  ਸਰਕਾਰ ਨੇ ਮਾਲ ਵਿਭਾਗ ਵਿੱਚ ਮੁੱਦਤਾਂ ਤੋਂ ਵਰਤੇ ਜਾਂਦੇ 35 ਔਖੇ ਸ਼ਬਦਾਂ ਦੀ ਥਾਂ ਸੌਖੇ ਅਤੇ ਆਮ ਲੋਕਾਂ ਦੀ ਸਮਝ ਵਿੱਚ ਆਉਣ ਵਾਲੇ ਪੰਜਾਬੀ ਸ਼ਬਦ ਵਰਤਣ

ਦਾ ਫ਼ੈਸਲਾ ਕੀਤਾ ਏ। ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸਰਕਾਰ ਦਾ ਉਦੇਸ਼ ਸਰਕਾਰੀ ਸੇਵਾਵਾਂ ਨੂੰ ਲੋਕਾਂ ਲਈ ਵਧੇਰੇ ਸਰਲ, ਪਾਰਦਰਸ਼ੀ ਅਤੇ ਸੁਖਾਲਾ ਬਣਾਉਣਾ ਏ। ਉਨ੍ਹਾਂ ਦੱਸਿਆ ਕਿ ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ ਵਰਤੀ ਜਾਂਦੀ ਔਖੀ ਭਾਸ਼ਾ ਕਾਰਨ ਆਮ ਲੋਕਾਂ ਨੂੰ ਅਕਸਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਲਈ ਸਰਕਾਰ ਨੇ ਲੋਕਾਂ ਦੀ ਸਹੂਲਤ ਨੂੰ ਪਹਿਲ ਦਿੰਦਿਆਂ ਪੁਰਾਣੇ ਔਖੇ ਸ਼ਬਦਾਂ ਦੀ ਥਾਂ ਹੁਣ ਸੌਖੇ ਪੰਜਾਬੀ ਸ਼ਬਦ ਵਰਤਣ ਦਾ ਫ਼ੈਸਲਾ ਕੀਤਾ ਏ। ਮਾਲ ਮੰਤਰੀ ਨੇ ਦੱਸਿਆ ਕਿ ਮਾਲ ਵਿਭਾਗ ਵਿੱਚ ਵਰਤੇ ਜਾਂਦੇ ਔਖੇ ਸ਼ਬਦਾਂ ਨੂੰ ਆਮ ਲੋਕਾਂ ਲਈ ਸੌਖਾ ਬਣਾਉਣ ਦੇ ਮਾਲ ਅਤੇ ਮੁੜ-ਵਸੇਬਾ ਵਿਭਾਗ ਵੱਲੋਂ ਵਿਸ਼ੇਸ਼ ਕਮੇਟੀ ਗਠਤ ਕੀਤੀ ਗਈ ਸੀ, ਜਿਸ ਦੀਆਂ ਸਿਫ਼ਾਰਸ਼ਾਂ ਦੇ ਆਧਾਰ ’ਤੇ ਜਾਇਦਾਦ ਰਜਿਸਟ੍ਰੇਸ਼ਨ ਨਾਲ ਸਬੰਧਤ ਪੁਰਾਣੇ 35 ਔਖੇ ਸ਼ਬਦਾਂ ਦੀ ਥਾਂ 35 ਸੌਖੇ ਪੰਜਾਬੀ ਸ਼ਬਦ ਵਰਤਣ ਦਾ ਫ਼ੈਸਲਾ ਕੀਤਾ ਗਿਆ ਏ। ਮਾਲ ਮੰਤਰੀ ਨੇ ਦੱਸਿਆ ਕਿ ਇੰਸਪੈਕਟਰ ਜਨਰਲ ਆਫ਼ ਰਜਿਸਟ੍ਰੇਸ਼ਨ ਅਤੇ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਜਾਰੀ ਕਰਕੇ ਪੁਰਾਣੇ ਅਤੇ ਨਵੇਂ ਸਿਫ਼ਾਰਸ਼ ਕੀਤੇ ਸ਼ਬਦਾਂ ਦੀ ਸੂਚੀ ਭੇਜੀ ਗਈ ਏ। ਉਨ੍ਹਾਂ ਖੇਤਰੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਸਹੂਲਤ ਲਈ

ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ ਨਵੇਂ ਸੌਖੇ ਸ਼ਬਦਾਂ ਦੀ ਵਰਤੋਂ ਨੂੰ ਤਰਜੀਹੀ ਤੌਰ ’ਤੇ ਯਕੀਨੀ ਬਣਾਇਆ ਜਾਵੇ।

----------------------------------------------------

ਸਰਕਾਰ ਵੱਲੋਂ ਚਾਲੂ ਵਿੱਤੀ ਸਾਲ 2026-27 ਦੌਰਾਨ ਬੁਢਾਪਾ ਪੈਨਸ਼ਨ ਯੋਜਨਾ ਤਹਿਤ 1 ਹਜ਼ਾਰ 423 ਕਰੋੜ 33 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਭਰ ਵਿੱਚ ਲਗਭਗ 23 ਲੱਖ 77 ਹਜ਼ਾਰ ਸੀਨੀਅਰ ਨਾਗਰਿਕ ਬੁਢਾਪਾ ਪੈਨਸ਼ਨ ਯੋਜਨਾ ਦਾ ਲਾਭ ਲੈ ਰਹੇ ਨੇ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੌਜੂਦਾ ਵਿੱਤੀ ਸਾਲ ਦੌਰਾਨ ਬੁਢਾਪਾ ਪੈਨਸ਼ਨ ਸਕੀਮ ਲਈ 4,000 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਏ ਤਾਂ ਜੋ ਸਾਰੇ ਯੋਗ ਲਾਭਪਾਤਰੀਆਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਮੇਂ ਸਿਰ ਵਿੱਤੀ ਸਹਾਇਤਾ ਮਿਲਣੀ ਯਕੀਨੀ ਬਣਾਈ ਜਾ ਸਕੇ। ਮੰਤਰੀ ਨੇ ਸਮੂਹ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰਾਂ ਅਤੇ ਹੋਰ ਵਿਭਾਗੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਾਰੇ ਯੋਗ ਬਜ਼ੁਰਗਾਂ ਤੱਕ ਪੈਨਸ਼ਨ ਦੀ ਰਾਸ਼ੀ ਸਮੇਂ ਸਿਰ ਪਹੁੰਚਾਉਣ ਨੂੰ ਯਕੀਨੀ ਬਣਾਉਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਵੀਆਂ ਅਰਜ਼ੀਆਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇ,

ਸ਼ਿਕਾਇਤਾਂ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਯੋਗ ਬਜ਼ੁਰਗ ਜਾਗਰੂਕਤਾ ਦੀ ਘਾਟ ਜਾਂ ਦਫ਼ਤਰੀ ਦੇਰੀ ਕਾਰਨ ਇਸ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ।

-------------------------------------------------------------

ਜੰਮੂ-ਕਸ਼ਮੀਰ ਦੇ ਸਰਹੱਦੀ ਜ਼ਿਲ੍ਹਿਆਂ ਰਾਜੌਰੀ ਅਤੇ ਪੁੰਛ ਵਿੱਚ, ਅੱਜ ਸਵੇਰੇ ਭਾਰੀ ਮੀਂਹ ਕਾਰਨ ਜ਼ਮੀਨ ਖਿਸਕਣ ਅਤੇ ਅਚਾਨਕ ਹੜ੍ਹ ਆਉਣ ਨਾਲ, ਘੱਟੋ-ਘੱਟ 11 ਲੋਕਾਂ ਦੀ ਮੌਤ ਹੋ ਗਈ ਏ ਅਤੇ 7 ਹੋਰ ਲਾਪਤਾ ਹੋ ਗਏ ਨੇ। ਸਾਡੇ ਪੱਤਰਕਾਰ ਨੇ ਖ਼ਬਰ ਦਿੱਤੀ ਏ ਕਿ, ਸਾਰੀਆਂ ਮੌਤਾਂ, ਸਭ ਤੋਂ ਵੱਧ ਪ੍ਰਭਾਵਿਤ ਸੁਰਨ-ਕੋਟ ਤਹਿਸੀਲ 'ਚ ਹੋਈਆਂ ਨੇ, ਜਿਥੇ ਪ੍ਰਸ਼ਾਸਨ ਨੇ ਫਸੇ ਹੋਏ ਲੋਕਾਂ ਤੱਕ ਪਹੁੰਚਣ, ਪ੍ਰਭਾਵਿਤ ਇਲਾਕਿਆਂ ਨੂੰ ਸਾਫ਼ ਕਰਨ ਅਤੇ ਪ੍ਰਭਾਵਿਤ ਲੋਕਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਬਚਾਅ ਟੀਮਾਂ ਤਾਇਨਾਤ ਕੀਤੀਆਂ ਨੇ ਅਤੇ ਨਾਲ ਹੀ ਰਾਹਤ ਕਾਰਜਾਂ ਨੂੰ ਵੀ ਤੇਜ਼ ਕਰ ਦਿੱਤਾ ਏ। ਉਪ ਰਾਜਪਾਲ ਮਨੋਜ ਸਿਨਹਾ ਨੇ ਲਗਾਤਾਰ ਮੀਂਹ ਅਤੇ ਅਚਾਨਕ ਆਏ ਹੜ੍ਹਾਂ ਤੋਂ ਬਾਅਦ, ਰਾਜੌਰੀ ਅਤੇ ਪੁੰਛ ਵਿੱਚ ਬਚਾਅ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਉਪ ਰਾਜਪਾਲ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਨੇ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਅਧਿਕਾਰੀਆਂ ਨੂੰ ਸਾਰੇ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਨੇ।

ਮੁੱਖ ਮੰਤਰੀ ਉਮਰ ਅਬਦੁੱਲਾ ਨੇ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ। ਉਨ੍ਹਾਂ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਈ ਏ ਅਤੇ ਜ਼ਖਮੀਆਂ ਦੇ ਛੇਤੀ ਠੀਕ ਹੋਣ ਦੀ ਕਾਮਨਾ ਕੀਤੀ ਏ।

--------------------------------------------------------

ਮੌਸਮ ਵਿਭਾਗ ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਸਮੇਤ ਕਈ ਸੂਬਿਆਂ ਵਿੱਚ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ । ਅੱਜ ਜਲੰਧਰ ਸਮੇਤ ਕੁਝ ਥਾਵਾਂ ਤੇ ਬੱਦਲਵਾਈ ਬਣੀ ਹੋਈ ਏ ਇਥੇ ਕਣੀਆਂ ਵੀ ਪਈਆਂ ਪਰ ਗਰਮੀ ਤੋਂ ਕੋਈ ਬਹੁਤੀ ਰਾਹਤ ਨਹੀਂ ਮਿਲੀ । ਓਧਰ ਉੱਤਰਾਖੰਡ ਵਿੱਚ ਭਾਰੀ ਮੀਂਹ ਦੀ ਸੰਭਾਵਨਾ ਦੇ ਮੱਦੇਨਜ਼ਰ, ਰੈੱਡ ਅਲਰਟ ਜਾਰੀ ਕੀਤਾ ਗਿਆ ਏ। ਰਾਜ ਦੇ ਕਈ ਹਿੱਸਿਆਂ ਵਿੱਚ ਲਗਾਤਾਰ ਮੀਂਹ ਪੈ ਰਿਹਾ ਏ, ਜਿਸ ਨਾਲ ਮੁੱਖ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵੱਧ ਗਿਆ ਏ। ਓਧਰ ਹਿਮਾਚਲ ਪ੍ਰਦੇਸ਼ ਵਿੱਚ ਪਿਛਲੀ ਰਾਤ ਤੋਂ ਕਈ ਇਲਾਕਿਆਂ ਵਿੱਚ ਰੁਕ-ਰੁਕ ਕੇ ਬਾਰਿਸ਼ ਹੋ ਰਹੀ ਏ. ਸ਼ਿਮਲਾ ਦੇ ਮੌਸਮ ਕੇਂਦਰ ਨੇ 21 ਜੁਲਾਈ ਤੱਕ ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਭਾਰੀ ਬਾਰਿਸ਼ ਲਈ, ORANGE ਅਤੇ RED ਅਲਰਟ ਜਾਰੀ ਕੀਤਾ ਏ। ਇਸ ਦੌਰਾਨ ਪੰਜਾਬ ਦੇ ਬਠਿੰਡਾ 'ਚ ਵੱਧ ਤੋਂ ਵੱਧ ਤਾਪਮਾਨ 40.8 ਡਿਗਰੀ ਸੈਲਸੀਅਸ, ਹਰਿਆਣਾ ਦੇ ਰੋਹਤਕ 'ਚ 40.3 ਡਿਗਰੀ

ਸੈਲਸੀਅਸ ਅਤੇ ਚੰਡੀਗੜ੍ਹ ਵਿੱਚ 36 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ.

-----------------------------------------------------------------

ਦੋ ਵਾਰ ਓਲੰਪਿਕ ਤਗਮਾ ਜੇਤੂ ਪੀ.ਵੀ. ਸਿੰਧੂ ਨੇ ਪਹਿਲੀ ਵਾਰ ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਜਿੱਤ ਲਿਆ ਏ । ਉਹ ਇਹ ਖਿਤਾਬ ਜਿੱਤਣ ਵਾਲੀ ਪਹਿਲੀ ਭਾਰਤੀ ਖਿਡਾਰਨ ਏ । ਫਾਈਨਲ ਵਿੱਚ, ਸਿੰਧੂ ਨੇ ਤਿੰਨ ਵਾਰ ਦੀ ਵਿਸ਼ਵ ਚੈਂਪੀਅਨ ਜਾਪਾਨ ਦੀ ਅਕਾਨੇ ਯਾਮਾ-ਗੁਛੀ ਨੂੰ ਸਿੱਧੇ ਸੈੱਟਾਂ ਵਿੱਚ 21-17, 21-17 ਨਾਲ ਹਰਾਇਆ। ਸਿੰਧੂ ਨੇ ਦੋ ਸਾਲਾਂ ਤੋਂ ਵੱਧ ਸਮੇਂ ਦੇ ਵਕਫ਼ੇ ਤੋਂ ਬਾਅਦ ਸੁਪਰ 750 ਟੂਰਨਾਮੈਂਟ ਦਾ ਖਿਤਾਬ ਜਿੱਤਿਆ। ਇਸ ਤੋਂ ਪਹਿਲਾਂ, ਉਨ੍ਹਾਂ 2024 ਵਿੱਚ ਸਈਦ ਮੋਦੀ ਅੰਤਰਰਾਸ਼ਟਰੀ ਬੈਡਮਿੰਟਨ ਟੂਰਨਾਮੈਂਟ ਜਿੱਤਿਆ ਸੀ। ਪੀਵੀ ਸਿੰਧੂ ਜਾਪਾਨ ਓਪਨ ਦੇ ਫਾਈਨਲ ਵਿੱਚ ਪਹੁੰਚਣ ਵਾਲੀ ਪਹਿਲੀ ਭਾਰਤੀ ਮਹਿਲਾ ਖਿਡਾਰਨ ਏ । ਉਨ੍ਹਾਂ ਸੈਮੀਫਾਈਨਲ ਵਿੱਚ ਚੇਨ ਯੂ-ਫੇਈ ਨੂੰ ਹਰਾਇਆ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਬੈਡਮਿੰਟਨ ਖਿਡਾਰਨ ਪੀਵੀ ਸਿੰਧੂ ਨੂੰ ਜਾਪਾਨ ਓਪਨ 2026 ਵਿੱਚ ਮਹਿਲਾ ਸਿੰਗਲਜ਼ ਖਿਤਾਬ ਜਿੱਤਣ 'ਤੇ ਵਧਾਈ ਦਿੱਤੀ ਏ ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਨੇ ਇਸ ਜਿੱਤ ਨੂੰ ਭਾਰਤੀ ਬੈਡਮਿੰਟਨ ਲਈ ਇੱਕ ਇਤਿਹਾਸਕ ਪ੍ਰਾਪਤੀ ਦੱਸਿਆ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਟੂਰਨਾਮੈਂਟ ਦੌਰਾਨ ਉਨ੍ਹਾਂ ਦਾ ਦ੍ਰਿੜ ਇਰਾਦਾ ਅਤੇ ਬੇਮਿਸਾਲ ਹੁਨਰ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਹੇ ਸਨ। ਸ੍ਰੀ ਮੋਦੀ ਨੇ ਕਿਹਾ ਕਿ ਪੀਵੀ ਸਿੰਧੂ ਦੀ ਜਿੱਤ ਦੇਸ਼ ਭਰ ਦੇ ਨੌਜਵਾਨ ਖਿਡਾਰੀਆਂ ਨੂੰ ਬੈਡਮਿੰਟਨ ਵਿੱਚ ਹਿੱਸਾ ਲੈਣ ਅਤੇ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰੇਗੀ।

NSD

---

- ਸੰਸਦ ਦਾ ਮਾਨਸੂਨ ਇਜਲਾਸ ਕੱਲ੍ਹ ਤੋਂ ਸ਼ੁਰੂ -ਅਗਲੇ ਮਹੀਨੇ ਦੀ 13 ਤਰੀਕ ਤੱਕ ਜਾਰੀ ਰਹੇਗਾ।
- ਪੰਜਾਬ ਭਰ ਵਿੱਚ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਲਈ, ਅੱਜ ਸਾਰੇ ਵੋਟ ਕੇਂਦਰਾਂ 'ਤੇ ਇੱਕ ਰੋਜ਼ਾ SIR ਵਿਸ਼ੇਸ਼ ਕੈਂਪ ਲਾਏ ਗਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਵਿੱਚ ਹੋਣ ਵਾਲੀ ਰਾਸ਼ਟਰੀ ਬੈਡਮਿੰਟਨ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਦਾ ਲਿਆ

ਜਾਇਜ਼ਾ- ਰਾਏਜ਼ਾਦਾ ਹੰਸਰਾਜ ਸਟੇਡੀਅਮ ਵਿਖੇ ਅਤਿ-ਆਧੁਨਿਕ ਇਨਡੋਰ ਬੈਡਮਿੰਟਨ ਹਾਲ ਲਈ 2 ਕਰੋੜ 14 ਲੱਖ ਰੁਪਏ ਦਾ ਐਲਾਨ ਕੀਤਾ।

- ਪੰਜਾਬ ਵਿੱਚ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬਾ 36 ਫੀਸਦੀ ਵਾਧੇ ਨਾਲ 4 ਲੱਖ ਏਕੜ ਤੋਂ ਪਾਰ-ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਸੂਬੇ ਭਰ ਵਿੱਚੋਂ ਮੋਹਰੀ।
- ਮੌਸਮ ਵਿਭਾਗ ਵਲੋਂ ਕੱਲ 20 ਤੋਂ 22 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿਸਿਆਂ ਵਿੱਚ ਭਾਰੀ ਤੋਂ ਬੇਹਦ ਭਾਰੀ ਮੀਂਹ ਪੈਣ ਸੰਬੰਧੀ 'ਔਰੇਂਜ ਅਲਰਟ' ਜਾਰੀ। ਅਤੇ
- -ਦੋ ਵਾਰ ਓਲੰਪਿਕ ਤਗਮਾ ਜੇਤੂ ਪੀ.ਵੀ. ਸਿੰਧੂ ਨੇ ਪਹਿਲੀ ਵਾਰ, ਜਾਪਾਨ ਓਪਨ ਬੈਡਮਿੰਟਨ ਟੂਰਨਾਮੈਂਟ ਜਿਤਿਆ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਨ੍ਹਾਂ ਨੂੰ ਖਿਤਾਬ ਜਿੱਤਣ 'ਤੇ ਵਧਾਈ ਦਿੱਤੀ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ